ਗਉੜੀ ਗੁਆਰੇਰੀ ਮਹਲਾ ੫ ॥ ਮਨੁ ਮੰਦਰੁ ਤਨੁ ਸਾਜੀ ਬਾਰਿ ॥ ਇਸ ਹੀ ਮਧੇ ਬਸਤੁ ਅਪਾਰ ॥ ਇਸ ਹੀ ਭੀਤਰਿ ਸੁਨੀਅਤ ਸਾਹੁ ॥ ਕਵਨੁ ਬਾਪਾਰੀ ਜਾ ਕਾ ਊਹਾ ਵਿਸਾਹੁ ॥੧॥ ਨਾਮ ਰਤਨ ਕੋ ਕੋ ਬਿਉਹਾਰੀ ॥ ਅੰਮ੍ਰਿਤ ਭੋਜਨੁ ਕਰੇ ਆਹਾਰੀ ॥ ੧॥ ਰਹਾਉ ॥ ਮਨੁ ਤਨੁ ਅਰਪੀ ਸੇਵ ਕਰੀਜੈ ॥ ਕਵਨ ਸੁ ਜੁਗਤਿ ਜਿਤੁ ਕਰਿ ਭੀਜੈ ॥ ਪਾਇ ਲਗਉ ਤਜਿ ਮੇਰਾ ਤੇਰੈ ॥ ਕਵਨੁ ਸੁ ਜਨੁ ਜੋ ਸਉਦਾ ਜੋਰੈ ॥੨॥ ਮਹਲੁ ਸਾਹ ਕਾ ਕਿਨ ਬਿਧਿ ਪਾਵੈ ॥ ਕਵਨ ਸੁ ਬਿਧਿ ਜਿਤੁ ਭੀਤਰਿ ਬੁਲਾਵੈ ॥ ਤੂੰ ਵਡ ਸਾਹੁ ਜਾ ਕੇ ਕੋਟਿ ਵਣਜਾਰੇ ॥ ਕਵਨੁ ਸੁ ਦਾਤਾ ਲੇ ਸੰਚਾਰੇ ॥੩॥ ਖੋਜਤ ਖੋਜਤ ਨਿਜ ਘਰੁ ਪਾਇਆ ॥ ਅਮੋਲ ਰਤਨੁ ਸਾਚੁ ਦਿਖਲਾਇਆ ॥ ਕਰਿ ਕਿਰਪਾ ਜਬ ਮੇਲੇ ਸਾਹਿ ॥ ਕਹੁ ਨਾਨਕ ਗੁਰ ਕੈ ਵੇਸਾਹਿ ॥੪॥੧੬॥੮੫॥ {ਪੰਨਾ 181}

ਪਦਅਰਥ:- ਮੰਦਰੁ—ਸੋਹਣਾ ਘਰ। ਸਾਜੀ—ਬਣਾਈ ਹੈ। ਬਾਰਿ—ਵਾੜ। ਇਸ ਹੀ ਮਧੇ—ਇਸ (ਮਨ) ਦੇ ਵਿਚ ਹੀ। ਬਸਤੁ—ਵਸਤੂ, ਨਾਮ-ਰਾਸਿ। ਸਾਹੁ—ਪ੍ਰਭੂ-ਸ਼ਾਹੂਕਾਰ। ਬਾਪਾਰੀ—ਨਾਮ-ਪੂੰਜੀ ਦਾ ਵਣਜ ਕਰਨ ਵਾਲਾ। ਵਿਸਾਹੁ—ਇਤਬਾਰ।1।

ਕੋ—ਦਾ। ਕੋ—ਜੇਹੜਾ ਕੋਈ। ਬਿਉਹਾਰੀ—ਵਪਾਰੀ। ਆਹਾਰੀ—ਖ਼ੁਰਾਕ, ਜੀਵਨ ਦਾ ਆਸਰਾ।1। ਰਹਾਉ।

ਅਰਪੀ—ਅਰਪੀਂ, ਮੈਂ ਭੇਟਾ ਕਰਦਾ ਹਾਂ। ਜੁਗਤਿ—ਤਰੀਕਾ। ਜਿਤੁ—ਜਿਸ ਦੀ ਰਾਹੀਂ। ਭੀਜੈ—ਪ੍ਰਸੰਨ ਹੁੰਦਾ ਹੈ। ਪਾਇ ਲਗਉ—ਮੈਂ ਪੈਰੀਂ ਲੱਗਦਾ ਹਾਂ। ਤਜਿ—ਤਜ ਕੇ। ਜੋਰੈ—ਜੋੜ ਦੇਵੇ, ਕਰਾ ਦੇਵੇ।2।

ਮਹਲੁ—ਟਿਕਾਣਾ। ਕਿਨ ਬਿਧਿ—ਕਿਨ੍ਹਾਂ ਤਰੀਕਿਆਂ ਨਾਲ? ਭੀਤਰਿ—ਅੰਦਰ, ਆਪਣੀ ਹਜ਼ੂਰੀ ਵਿਚ। ਜਾ ਕੇ—ਜਿਸ ਦੇ। ਕੋਟਿ—ਕ੍ਰੋੜਾਂ। ਸੰਚਾਰੇ—ਅਪੜਾਵੇ।3।

ਨਿਜ ਘਰੁ—ਆਪਣਾ ਅਸਲੀ ਘਰ। ਸਾਚੁ—ਸਦਾ ਕਾਇਮ ਰਹਿਣ ਵਾਲਾ। ਸਾਹਿ—ਸ਼ਾਹ ਨੇ। ਵੇਸਾਹਿ—ਇਤਬਾਰ ਨਾਲ, ਹਾਮੀ ਨਾਲ।4।

ਅਰਥ:- ਜੇਹੜਾ ਕੋਈ ਪਰਮਾਤਮਾ ਦੇ ਨਾਮ-ਰਤਨ ਦਾ (ਅਸਲ) ਵਪਾਰੀ ਹੈ, ਉਹ ਆਤਮਕ ਜੀਵਨ ਦੇਣ ਵਾਲੇ ਨਾਮ-ਭੋਜਨ ਨੂੰ ਆਪਣੀ ਜ਼ਿੰਦਗੀ ਦਾ ਆਹਾਰ ਬਣਾਂਦਾ ਹੈ।1। ਰਹਾਉ।

(ਪਰਮਾਤਮਾ ਸ਼ਾਹ ਨੇ ਆਪਣੇ ਰਹਿਣ ਵਾਸਤੇ ਮਨੁੱਖ ਦੇ) ਮਨ ਨੂੰ ਸੋਹਣਾ ਘਰ ਬਣਾਇਆ ਹੋਇਆ ਹੈ ਤੇ ਮਨੁੱਖਾ ਸਰੀਰ ਨੂੰ (ਭਾਵ, ਗਿਆਨ-ਇੰਦ੍ਰਿਆਂ ਨੂੰ, ਉਸ ਘਰ ਦੀ ਰਾਖੀ ਲਈ) ਵਾੜ ਬਣਾਇਆ ਹੈ। ਇਸ ਮਨ-ਮੰਦਰ ਦੇ ਅੰਦਰ ਹੀ ਬੇਅੰਤ ਪ੍ਰਭੂ ਦੀ ਨਾਮ-ਪੂੰਜੀ ਹੈ। ਇਸ ਮਨ-ਮੰਦਰ ਦੇ ਵਿਚ ਹੀ ਉਹ ਪ੍ਰਭੂ-ਸ਼ਾਹ ਵੱਸਦਾ ਸੁਣੀਦਾ ਹੈ। ਕੋਈ ਵਿਰਲਾ ਨਾਮ-ਵਣਜਾਰਾ ਹੈ, ਜਿਸ ਦਾ ਉਸ ਸ਼ਾਹ ਦੀ ਹਜ਼ੂਰੀ ਵਿਚ ਇਤਬਾਰ ਬਣਿਆ ਹੋਇਆ ਹੈ।1।

ਉਹ ਕੇਹੜਾ (ਵਿਰਲਾ ਪ੍ਰਭੂ ਦਾ) ਸੇਵਕ ਹੈ ਜੋ (ਮੈਨੂੰ ਭੀ) ਨਾਮ ਦਾ ਸੌਦਾ ਕਰਾ ਦੇਵੇ? ਮੈਂ ਆਪਣਾ ਮਨ ਤਨ ਉਸ ਦੀ ਭੇਟ ਕਰਦਾ ਹਾਂ, ਉਸ ਦੀ ਸੇਵਾ ਕਰਨ ਨੂੰ ਤਿਆਰ ਹਾਂ, ਮੇਰ-ਤੇਰ ਛੱਡ ਕੇ ਮੈਂ ਉਸ ਦੀ ਪੈਰੀਂ ਲੱਗਦਾ ਹਾਂ (ਮੈਂ ਉਸ ਹਰਿ-ਜਨ ਪਾਸੋਂ ਪੁੱਛਣਾ ਚਾਹੁੰਦਾ ਹਾਂ ਕਿ) ਉਹ ਕੇਹੜਾ ਤਰੀਕਾ ਹੈ ਜਿਸ ਦੀ ਰਾਹੀਂ ਪ੍ਰਭੂ ਪ੍ਰਸੰਨ ਹੋ ਜਾਏ।2।

(ਮੈਂ ਉਸ ਨਾਮ-ਰਤਨ ਦੇ ਵਪਾਰੀ ਪਾਸੋਂ ਪੁੱਛਦਾ ਹਾਂ ਕਿ) ਨਾਮ-ਰਾਸਿ ਦੇ ਸ਼ਾਹ ਦਾ ਮਹਲ ਮਨੁੱਖ ਕੇਹੜੇ ਤਰੀਕਿਆਂ ਨਾਲ ਲੱਭ ਸਕਦਾ ਹੈ? ਉਹ ਕੇਹੜਾ ਢੰਗ ਹੈ ਜਿਸ ਕਰਕੇ ਉਹ ਸ਼ਾਹ ਜੀਵ-ਵਣਜਾਰੇ ਨੂੰ ਆਪਣੀ ਹਜ਼ੂਰੀ ਵਿਚ ਸੱਦਦਾ ਹੈ?

ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਕ੍ਰੋੜਾਂ ਜੀਵ ਤੇਰੇ ਵਣਜਾਰੇ ਹਨ। ਨਾਮ ਦੀ ਦਾਤਿ ਕਰਨ ਵਾਲਾ ਉਹ ਕੌਣ ਹੈ ਜੋ ਮੈਨੂੰ ਫੜ ਕੇ ਤੇਰੇ ਚਰਨਾਂ ਵਿਚ ਅਪੜਾ ਦੇਵੇ?।3।

ਹੇ ਨਾਨਕ! ਆਖ—ਜਦੋਂ ਭੀ ਸ਼ਾਹ-ਪ੍ਰਭੂ ਨੇ ਕਿਰਪਾ ਕਰ ਕੇ (ਕਿਸੇ ਜੀਵ-ਵਣਜਾਰੇ ਨੂੰ ਆਪਣੇ ਚਰਨਾਂ ਵਿਚ) ਮਿਲਾਇਆ ਹੈ ਗੁਰੂ ਦੀ ਹਾਮੀ ਦੀ ਰਾਹੀਂ ਹੀ ਮਿਲਾਇਆ ਹੈ। (ਗੁਰੂ ਨੇ ਹੀ ਉਸ ਵਡ-ਭਾਗੀ ਵਣਜਾਰੇ ਨੂੰ) ਸਦਾ ਕਾਇਮ ਰਹਿਣ ਵਾਲਾ (ਅਮੋਲਕ ਨਾਮ-ਰਤਨ ਵਿਖਾਲ ਦਿੱਤਾ ਹੈ। (ਗੁਰੂ ਦੀ ਕਿਰਪਾ ਨਾਲ ਹੀ ਉਸ ਵਣਜਾਰੇ ਨੇ) ਭਾਲ ਕਰਦਿਆਂ ਕਰਦਿਆਂ ਆਪਣਾ (ਉਹ ਅਸਲੀ) ਘਰ ਲੱਭ ਲਿਆ (ਜਿਥੇ ਪ੍ਰਭੂ-ਸ਼ਾਹ ਵੱਸਦਾ ਹੈ)।4।16।85।